ਸ਼੍ਰੇਣੀ ਤੀਜੀ (ਪਾਠਕ੍ਰਮ)

2021-22

ਸਮਾਂ: 3 ਘੰਟੇ ਕੁੱਲ ਅੰਕ: 100

ਅਧਿਆਇ 1	ਪਰਿਵਾਰ ਅਤੇ ਰਿਸ਼ਤੇ:- ਪਰਿਵਾਰ ਦਾ ਸੰਕਲਪ, ਪਰਿਵਾਰ ਦੀਆਂ ਕਿਸਮਾਂ, ਪਰਿਵਾਰ ਇੱਕ ਸਹਿਯੋਗੀ ਢਾਂਚੇ ਵਜੋਂ, ਰਿਸ਼ਤਿਆਂ ਦੀ ਸਮਝ, ਪੁਸ਼ਤੈਨੀ ਖਾਕਾ (ਤਿੰਨ ਪੀੜ੍ਹੀਆਂ ਤੱਕ)। ਪਰਿਵਾਰਿਕ ਮੈਂਬਰਾਂ ਦੇ ਪ੍ਰਭਾਵ-ਸਰੀਰਕ ਲੱਛਣ, ਕਦਰਾਂ ਕੀਮਤਾਂ, ਆਦਤਾਂ, ਗੁਣ ਅਤੇ ਨਿਪੁੰਨਤਾਵਾਂ। ਸਿੱਖਿਆ ਦੇ ਅਧਿਕਾਰ ਪ੍ਰਤੀ ਸੰਵੇਦਨਸ਼ੀਲਤਾ।
ਅਧਿਆਇ 2	ਦਾਦਾ ਜੀ ਜਦੋਂ ਜਵਾਨ ਸਨ:- ਬਜ਼ੁਰਗਾਂ ਅਤੇ ਵਿਸ਼ੇਸ਼ ਲੋੜਾਂ ਵਾਲੇ ਵਿਅਕਤੀਆਂ (ਅੰਗਹੀਣਾਂ) ਬਾਰੇ ਸੰਵੇਦਨਸ਼ੀਲਤਾ, ਵੇਖਣ ਅਤੇ ਸੁਣਨ ਦੀਆਂ ਗਿਆਨ ਇੰਦਰੀਆਂ ਬਾਰੇ ਮੁੱਢਲੀ ਜਾਣਕਾਰੀ। ਸੰਕੇਤਕ ਭਾਸ਼ਾ ਅਤੇ ਬਰੇਲ ਲਿੱਪੀ ਬਾਰੇ ਮੁੱਢਲੀ ਜਾਣਕਾਰੀ।
ਅਧਿਆਇ 3	ਸਾਡੇ ਸਹਿਯੋਗੀ ਕਿੱਤਕਾਰ: ਵੱਖ-ਵੱਖ ਕਿੱਤੇ, ਕੰਮ/ ਵਿਚਲਾ ਸਮਾਂ, ਉਪਰ, ਲਿੰਗ ਅਤੇ ਆਰਥਿਕ ਸਥਿਤੀ ਮੁਤਾਬਿਕ ਘਰ ਦੇ ਅੰਦਰ ਤੇ ਬਾਹਰ ਕੰਮ-ਕਾਜ, ਬੱਚਆਂ ਦੁਆਰਾ ਮਜ਼ਦੂਰੀ। ਘਰ ਅਤੇ ਬਾਹਰ ਕੰਮ-ਕਾਜ ਕਰਨ ਵਾਲੇ ਬੱਚਿਆਂ ਪ੍ਰਤੀ ਸੰਵੇਦਨਸ਼ੀਲਤਾ ਪੈਦਾ ਕਰਨਾ।
ਅਧਿਆਇ 4	ਆਓ ਖੇਡੀਏ: ਵਿਹਲ, ਅੱਜ ਅਤੇ ਪੁਰਾਤਨ ਸਮਿਆਂ ਦੌਰਾਨ ਸਥਾਨਕ ਅਤੇ ਪ੍ਰੰਪਰਾਗਤ ਖੇਡਾਂ, ਘਰ ਦੇ ਅੰਦਰ ਤੇ ਬਾਹਰ ਖੇਡੀਆਂ ਜਾਣ ਵਾਲੀਆਂ ਖੇਡਾਂ।
ਅਧਿਆਇ 5	ਪੌਦੇ ਸਾਡੇ ਮਿੱਤਰ: ਬੱਚਿਆਂ ਦੀ ਪੌਦਿਆਂ ਬਾਰੇ ਜਾਣਕਾਰੀ। ਪੌਦਿਆਂ ਵਿੱਚ ਵਿਭਿੰਨਤਾ, ਉਹਨਾਂ ਦੇ ਉੱਗਣ-ਸਥਾਨ, ਆਕਾਰ, ਸ਼ਕਲ, ਰੰਗ ਅਤੇ ਸੁਗੰਧ ਆਦਿ, ਪੌਦਿਆਂ ਉੱਪਰ ਸਾਡੀ ਨਿਰਭਰਤਾ। ਨਵੇਂ ਪੌਦਿਆਂ ਬਾਰੇ ਜਾਣਕਾਰੀ। ਪੌਦਿਆਂ ਦੀ ਮਹੱਤਤਾ।
ਅਧਿਆਇ 6	ਰੰਗ-ਬਰੰਗੇ ਪੱਤੇ: ਪੱਤਿਆਂ ਵਿੱਚ ਵਿਭਿੰਨਤਾ-ਆਕਾਰ, ਸ਼ਕਲ, ਰੰਗ, ਬਣਤਰ ਅਤੇ ਸੁਗੰਧ, ਰੁੱਤ ਅਨੁਸਾਰ ਪੱਤਿਆਂ ਦਾ ਝੜਨਾ, ਪੱਤਿਆਂ ਤੋਂ ਖਾਦ।
ਅਧਿਆਇ 7	ਜੰਤੂ ਇੱਕ ਜਾਣ ਪਹਿਚਾਣ: ਜੰਤੂਆਂ ਬਾਰੇ ਵਿਦਿਆਰਥੀਆਂ ਦੀ ਸਮਝ। ਤੁਹਾਡੇ ਆਲੇ-ਦਆਲੇ ਦੇ ਜੰਤੂਆਂ ਵਿੱਚ ਵਿਭਿੰਨਤਾ ਉਹਨਾਂ ਦਾ ਸਾਪੇਖੀ ਆਕਾਰ, ਉਹ ਕੀ ਖਾਂਦੇ ਹਨ ਤੇ ਕਿੱਥੇ ਰਹਿੰਦੇ ਹਨ। ਰੀਂਗਣ ਵਾਲੇ ਤੇ ਉੱਡਣ ਵਾਲੇ ਜੰਤੂਆਂ ਅਤੇ ਕੀਟਾਂ ਬਾਰੇ ਜਾਣ-ਪਛਾਣ। ਕੀਟਾਂ ਦੁਆਰਾ ਡੰਗ ਮਾਰਨਾ

ਅਧਿਆਇ 8	ਪੰਛੀਆਂ ਦੀ ਦੁਨੀਆਂ: ਪੰਛੀਆਂ ਬਾਰੇ ਵਿਦਿਆਰਥੀਆਂ ਦਾ ਦ੍ਰਿਸ਼ਟੀਕੋਣ। ਉਹਨਾਂ ਦੇ ਰਹਿਣ-ਸਥਾਨ, ਕੀ ਖਾਂਦੇ ਹਨ, ਖੰਭ ਤੇ ਉਹਨਾਂ ਦੀਆਂ ਆਵਾਜਾਂ ਵਰਗੇ ਆਮ ਲੱਛਣ। ਪੰਛੀਆਂ ਨੂੰ ਭੋਜਣ ਦੇਣਾ।
ਅਧਿਆਇ 9	ਭੋਜਨ ਪਕਾਈਏ ਅਤੇ ਖਾਈਏ: ਕੱਚਾ ਤੇ ਰਿੰਨ੍ਹਿਆ (ਉਬਾਲਿਆ, ਭੁੰਨਿਆ, ਬੇਕਰੀ ਦਾ ਤੇ ਤਲਿਆ) ਭੋਜਨ। ਦੁੱਧ ਦਾ ਮਹੱਤਵ। ਭੋਜਨ ਪਕਾਉਣ ਲਈ ਵਰਤੇ ਜਾਂਦੇ ਵੱਖ-ਵੱਖ ਤਰ੍ਹਾਂ ਦੇ ਬਾਲਣ, ਭੋਜਣ ਪਕਾਉਣ ਲਈ ਵਰਤੇ ਜਾਂਦੇ ਚੁੱਲ੍ਹਿਆਂ ਤੇ ਬਰਤਨਾਂ ਦੀ ਪਹਿਚਾਣ। ਭੋਜਨ ਵਿੱਚ ਸੱਭਿਆਚਾਰ ਅਨੁਸਾਰ ਭਿੰਨਤਾ, ਭੋਜਨ ਦੇ ਜ਼ਰੂਰੀ ਕੰਮ ਤੇ ਪੋਸ਼ਕ ਤੱਤ।
ਅਧਿਆਇ 10	ਪਰਿਵਾਰ ਅਤੇ ਜਾਨਵਰ: ਲਿੰਗ, ਉਮਰ ਤੇ ਸਰੀਰਕ ਕਾਰਜਾਂ ਅਨੁਸਾਰ ਭੋਜਨ ਦੀ ਮਾਤਰਾ। ਭੋਜਨ ਵੱਜੋਂ ਵਰਤੇ ਜਾਂਦੇ ਪੌਦਿਆਂ ਬਾਰੇ ਮੁੱਢਲੀ ਜਾਣਕਾਰੀ। ਜੰਤੂਆਂ ਤੋਂ ਭੋਜਨ, ਪਾਲਤੂ ਤੇ ਜੰਗਲੀ ਜਾਨਵਰਾਂ ਦਾ ਭੋਜਨ। ਪਾਲਤੂ ਜੰਤੂਆਂ ਦੀ ਦੇਖਭਾਲ।
ਅਧਿਆਇ 11	ਸਾਡਾ ਆਵਾਸ: ਸਾਡਾ ਘਰ/ ਨਿਵਾਸ-ਸਥਾਨ। ਘਰ ਦਾ ਅਰਥ ਨਿਵਾਸ-ਸਥਾਨ ਦੀ ਲੋੜ। ਘਰਾਂ ਦੀ ਸਜਾਵਟ। ਕੂੜੇ -ਕਰਕਟ ਦਾ ਨਿਪਟਾਰਾ। ਘਰਾਂ ਦੀਆਂ ਕਿਸਮਾਂ। ਘਰ ਬਣਾਉਣ ਲਈ ਵਰਤੇ ਜਾਂਦੇ ਪਦਾਰਥ।
ਅਧਿਆਇ 12	ਸਾਡਾ ਆਂਢ-ਗੁਆਂਢ: ਆਂਢ ਗੁਆਂਢ ਦਾ ਅਰਥ/ ਨਕਸ਼ਾ ਬਣਾ ਕੇ ਦੂਰੀ ਤੇ ਦਿਸ਼ਾ ਅੰਦਾਜ਼ਾ ਲਗਾਉਣ।
ਅਧਿਆਇ 13	ਪਾਣੀ ਜੀਵਨ ਦਾ ਆਧਾਰ: ਪਾਣੀ ਦਾ ਮਹੱਤਵ, ਪਾਣੀ ਦੀ ਲੋੜ ਅਤੇ ਮਹੱਤਤਾ, ਪਾਣੀ ਨਾਲ ਹੋਣ ਵਾਲੇ ਕਾਰਜ, ਮਨੁੱਖ ਜੀਵ-ਜੰਤੂਆਂ ਅਤੇ ਪੌਦਿਆਂ ਲਈ ਪਾਣੀ ਦੀ ਲੋੜ।
ਅਧਿਆਇ 14	ਪਾਣੀ ਦੇ ਸ੍ਰੋਤ: ਧਰਤੀ ਹੇਠ ਪਾਣੀ, ਸਤਰੰਗੀ ਪੀਘ, ਪਾਣੀ ਦੀ ਸੰਜਮ ਨਾਲ ਵਰਤੋਂ।
ਅਧਿਆਇ 15	ਸ੍ਰੀ ਅਮ੍ਰਿਤਸਰ ਸਾਹਿਬ ਦਾ ਟੂਰ: ਆਵਾਜਾਈ ਦੀ ਲੋੜ। ਆਪਣੇ ਨਿਵਾਸ ਦੇ ਨੇੜੇ ਜਾਂ ਦੂਰ ਜਾਣਾ। ਵੱਖ-ਵੱਖ ਸਾਧਨ ਜੋ ਥੋੜੀ ਅਤੇ ਅਧਿੱਕ ਦੂਰੀ ਲਈ ਵਰਤੇ ਜਾਂਦੇ ਹਨ। ਆਵਾਜਾਈ ਦੇ ਨਵੀਤਮ ਸਾਧਨ, ਰੇਲਵੇ ਸਟੇਸ਼ਨ ਉੱਪਰ ਕੰਮ ਕਰਦੇ ਵੱਖ-ਵੱਖ ਕਰਮਚਾਰੀ।

ਅਧਿਆਇ 16	ਪੰਖੁੜੀ ਦੇ ਸੰਦੇਸ਼ਃ ਚਿੱਠੀ-ਸੰਚਾਰ ਦੇ ਇੱਕ ਮਾਧਿਅਮ ਦੇ ਰੂਪ ਵਿੱਚ। ਡਾਕ-ਘਰ ਵਿਚਲੇ ਕੰਮ ਤੇ ਸਬੰਧਤ ਕਰਮਚਾਰੀ। ਸੰਚਾਰ ਦੇ ਵੱਖ-ਵੱਖ ਸਾਧਨ।
ਅਧਿਆਇ 17	ਫੁੱਲਾਂ ਵਾਲੀ ਫ਼ਰਾਕਃ ਭਿੰਨ-ਭਿੰਨ ਕਿਸਮ ਦੇ ਕੱਪੜੇ। ਕੱਪੜੇ ਉਦਯੋਗ ਵਿੱਚ ਵਰਤੇ ਜਾਂਦੇ ਰੰਗ ਅਤੇ ਨਮੂਨੇ। ਰੰਗਾਂ ਤੇ ਸਬਜੀਆਂ ਦੇ ਠੱਪਿਆਂ ਨਾਲ ਛਪਾਈ।
ਅਧਿਆਇ 18	ਮਿੱਟੀ ਦੇ ਖਿਡੌਣੇਃ ਮਿੱਟੀ ਦੇ ਬਰਤਨ ਬਣਾਉਣੇ, ਮਿੱਟੀ ਨੂੰ ਗੁੰਨ੍ਹਣਾ, ਆਕਾਰ ਦੇਣਾ, ਸੁਕਾਉਣਾ ਅਤੇ ਰੰਗ ਕਰਨਾ। ਮਿੱਟੀ ਦੇ ਬਰਤਨਾਂ ਦਾ ਉਪਯੋਗ। ਚੀਕਣੀ ਮਿੱਟੀ ਤੋਂ ਬਰਤਨ ਬਣਾਉਣ ਦਾ ਅਨੁਭਵ।
ਅਧਿਆਇ 19	ਡਿਜੀਟਲ ਉਪਕਰਨਃ ਬਿਜਲਈ ਮਸ਼ੀਨਾਂ- ਰੇਡੀਓ, ਟੈਲੀਵਿਜ਼ਨ, ਫਰਿੱਜ, ਪ੍ਰੈੱਸ ਕੈਮਰਾ, ਮੋਬਾਇਲ ਫੋਨ, ਕੱਪੜੇ ਧੋਣ ਦੀ ਮਸ਼ੀਨ, ਕੰਪਿਊਟਰ।